ਟੋਡੀ ਮਹਲਾ ੫ ॥ ਮਾਈ ਚਰਨ ਗੁਰ ਮੀਠੇ ॥ ਵਡੈ ਭਾਗਿ ਦੇਵੈ ਪਰਮੇਸਰੁ ਕੋਟਿ ਫਲਾ ਦਰਸਨ ਗੁਰ ਡੀਠੇ ॥ ਰਹਾਉ ॥ ਗੁਨ ਗਾਵਤ ਅਚੁਤ ਅਬਿਨਾਸੀ ਕਾਮ ਕ੍ਰੋਧ ਬਿਨਸੇ ਮਦ ਢੀਠੇ ॥ ਅਸਥਿਰ ਭਏ ਸਾਚ ਰੰਗਿ ਰਾਤੇ ਜਨਮ ਮਰਨ ਬਾਹੁਰਿ ਨਹੀ ਪੀਠੇ ॥ ੧॥ ਬਿਨੁ ਹਰਿ ਭਜਨ ਰੰਗ ਰਸ ਜੇਤੇ ਸੰਤ ਦਇਆਲ ਜਾਨੇ ਸਭਿ ਝੂਠੇ ॥ ਨਾਮ ਰਤਨੁ ਪਾਇਓ ਜਨ ਨਾਨਕ ਨਾਮ ਬਿਹੂਨ ਚਲੇ ਸਭਿ ਮੂਠੇ ॥੨॥੮॥੨੭॥ {ਪੰਨਾ 717}

ਪਦਅਰਥ:- ਮਾਈ—ਹੇ ਮਾਂ! ਭਾਗਿ—ਕਿਸਮਤ ਨਾਲ। ਕੋਟਿ—ਕ੍ਰੋੜਾਂ। ਡੀਠੇ—ਡਿੱਠਿਆਂ। ਰਹਾਉ।

ਗਾਵਤ—ਗਾਂਦਿਆਂ। ਅਚੁਤ—{AÁXuq [ ÁXu—ਡਿੱਗ ਪੈਣਾ} ਕਦੇ ਨਾਹ ਡਿੱਗਣ ਵਾਲਾ, ਕਦੇ ਨਾਸ ਨਾਹ ਹੋਣ ਵਾਲਾ। ਮਦ—ਅਹੰਕਾਰ। ਢੀਠੇ—ਢੀਠ, ਮੁੜ ਮੁੜ ਹੱਲਾ ਕਰਨ ਵਾਲੇ। ਅਸਥਿਰ—{iÔQr} ਅਡੋਲ। ਸਾਚ ਰੰਗਿ—ਸਦਾ-ਥਿਰ ਪ੍ਰਭੂ ਦੇ ਪ੍ਰੇਮ-ਰੰਗ ਵਿਚ। ਬਾਹੁਰਿ—ਮੁੜ। ਪੀਠੇ—ਪੀਠੇ ਜਾਂਦੇ।1।

ਜੇਤੇ—ਜਿਤਨੇ ਭੀ ਹਨ। ਸੰਤ ਦਇਆਲ—ਦਇਆ ਦੇ ਘਰ ਗੁਰੂ (ਦੀ ਕਿਰਪਾ ਨਾਲ)। ਸਭਿ—ਸਾਰੇ। ਮੂਠੇ—ਠੱਗੇ ਹੋਏ।2।

ਅਰਥ:- ਹੇ ਮਾਂ! ਗੁਰੂ ਦੇ ਚਰਨ (ਮੈਨੂੰ) ਪਿਆਰੇ ਲੱਗਦੇ ਹਨ। (ਜਿਸ ਮਨੁੱਖ ਨੂੰ) ਵੱਡੀ ਕਿਸਮਤ ਨਾਲ ਪਰਮਾਤਮਾ (ਗੁਰੂ ਦੇ ਚਰਨਾਂ ਦਾ ਮਿਲਾਪ) ਦੇਂਦਾ ਹੈ, ਗੁਰੂ ਦਾ ਦਰਸਨ ਕੀਤਿਆਂ (ਉਸ ਮਨੁੱਖ ਨੂੰ) ਕ੍ਰੋੜਾਂ (ਪੁੰਨਾਂ ਦੇ) ਫਲ ਪ੍ਰਾਪਤ ਹੋ ਜਾਂਦੇ ਹਨ। ਰਹਾਉ।

ਹੇ ਮਾਂ! (ਗੁਰੂ ਦੇ ਚਰਨੀਂ ਪੈ ਕੇ) ਅਟੱਲ ਅਬਿਨਾਸੀ ਪਰਮਾਤਮਾ ਦੇ ਗੁਣ ਗਾਂਦਿਆਂ ਗਾਂਦਿਆਂ ਮੁੜ ਮੁੜ ਹੱਲਾ ਕਰ ਕੇ ਆਉਣ ਵਾਲੇ ਕਾਮ ਕ੍ਰੋਧ ਅਹੰਕਾਰ (ਆਦਿਕ ਵਿਕਾਰ) ਨਾਸ ਹੋ ਜਾਂਦੇ ਹਨ। (ਗੁਰੂ ਦੇ ਚਰਨਾਂ ਦੀ ਬਰਕਤਿ ਨਾਲ ਜੇਹੜੇ ਮਨੁੱਖ) ਸਦਾ-ਥਿਰ ਪ੍ਰਭੂ ਦੇ ਪ੍ਰੇਮ-ਰੰਗ ਵਿਚ ਰੰਗੇ ਜਾਂਦੇ ਹਨ ਉਹ (ਵਿਕਾਰਾਂ ਦੇ ਹੱਲਿਆਂ ਦੇ ਟਾਕਰੇ ਤੇ) ਅਡੋਲ ਹੋ ਜਾਂਦੇ ਹਨ, ਉਹ ਜਨਮ ਮਰਣ (ਦੀ ਚੱਕੀ) ਵਿਚ ਮੁੜ ਮੁੜ ਨਹੀਂ ਪੀਸੇ ਜਾਂਦੇ।1।

ਹੇ ਮਾਂ! (ਜੇਹੜੇ ਮਨੁੱਖ ਗੁਰੂ ਦੇ ਚਰਨੀਂ ਲੱਗਦੇ ਹਨ, ਉਹ) ਦਇਆ ਦੇ ਘਰ ਗੁਰੂ ਦੀ ਕਿਰਪਾ ਨਾਲ ਪਰਮਾਤਮਾ ਦੇ ਭਜਨ (ਦੇ ਆਨੰਦ) ਤੋਂ ਬਿਨਾ ਹੋਰ ਸਾਰੇ ਹੀ (ਦੁਨੀਆਵੀ) ਸੁਆਦਾਂ ਤੇ ਤਮਾਸ਼ਿਆਂ ਨੂੰ ਝੂਠੇ ਜਾਣਦੇ ਹਨ। ਹੇ ਨਾਨਕ! (ਆਖ—ਹੇ ਮਾਂ!) ਪਰਮਾਤਮਾ ਦੇ ਸੇਵਕ (ਗੁਰੂ ਦੀ ਸਰਨ ਪੈ ਕੇ ਪਰਮਾਤਮਾ ਦਾ) ਰਤਨ (ਵਰਗਾ ਕੀਮਤੀ) ਨਾਮ ਹਾਸਲ ਕਰਦੇ ਹਨ। ਹਰਿ-ਨਾਮ ਤੋਂ ਸੱਖਣੇ ਸਾਰੇ ਹੀ ਜੀਵ (ਆਪਣਾ ਆਤਮਕ ਜੀਵਨ) ਲੁਟਾ ਕੇ (ਜਗਤ ਤੋਂ) ਜਾਂਦੇ ਹਨ।2।8। 27।